ਨੰ:3/23/2015-3ਸਿ3/ ੫੪੩੩੧/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਅਕਾਲ ਅਕੈਡਮੀ,
ਜੰਡਿਆਲੀ,
ਤਹਿਸੀਲ ਅਤੇ ਜਿਲ੍ਹਾ ਲੁਧਿਆਣਾ ।

ਮਿਤੀ , ਚੰਡੀਗੜ੍ਹ: 12-5-15

ਵਿਸ਼ਾ: **ਅਕਾਲ ਅਕੈਡਮੀ, ਜੰਡਿਆਲੀ, ਤਹਿਸੀਲ ਅਤੇ ਜਿਲ੍ਹਾ ਲੁਧਿਆਣਾ ਨੂੰ ਸੀ.ਬੀ.ਐਸ. ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਦ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾਂ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

Manager
Akal Academy

PRINCIPAL
AKAL ACADEMY JANDIALI
(LUDHIANA)
CBSE/AFF/1631078

4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਲ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਉਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

6. ਇਹ ਇਤਰਾਜਹੀਨਤਾ ਸਰਟੀਫਿਕੇਟ ਆਪ ਨੂੰ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਆਪ ਆਪਣੇ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ ਦਫਤਰ ਨੂੰ ਦੋ ਮਹੀਨੇ ਦੇ ਅੰਦਰ -ਅੰਦਰ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਪਿੱ:ਅੰ:ਨੰ: 3/23/2015-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:: 15/14-2015-ਗ੍ਰਾਂਟ1(4)/ ਮਿਤੀ 31.3.2015 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. **ਅਕਾਲ ਅਕੈਡਮੀ, ਜੰਡਿਆਲੀ, ਤਹਿਸੀਲ ਅਤੇ ਜਿਲ੍ਹਾ ਲੁਧਿਆਣਾ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਅੰਦਰੂਨੀ ਵੰਡ:**

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਕੱਤਰ/ਸਪੈਸਲ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਰਿਕਾਰਡਰ ਸਿੱਖਿਆ ਸ਼ਾਖਾ 3

Manager
Akal Academy

PRINCIPAL
AKAL ACADEMY JANDIALI
(LUDHIANA)
CBSE/AFF/1631078

No.3/23/2015-3c3/483311/1

Government of Punjab

Education Department

(Education -3 Branch)

To

The Principal

Akal Academy

Jandiali

Sub-division and district Ludhiana

Date- 12th May,2015 ,Chandigarh.

NOTARY PUBLIC Ashwani Kumar Sharma Ludhiana (Pb.) Regd. No. 3168 GOVT. OF INDIA

Subject- With regard to issuing of NOC, in order to take affiliation from CBSE, New Delhi by Akal Academy, Jandiali.

Respected sir,

In connection with aforesaid issue.

Considering meticulously the documents presented by school management along with affidavit, references of district education officer (Sr. Sec.), Punjab, Chandigarh. No objection certificate is granted on the terms given below.

1) In future in case of any complaint or inspection, if it is noticed that government is misinformed at the time of requesting for NOC and or there is any act of disobedience of timely regulation released by Punjab government and in such case, terms mentioned in affidavit are not taken into account, then, in such circumstances, at any time, NOC can be immediately withdrawn.
2) In your school, it will be compulsory to teach Punjabi till tenth grade and CBSE New Delhi will provide its assistance in organizing the examination of Punjabi in such schools for sure and it is also cleared that in case of failure to do the same, NOC will be immediately withdrawn.
3) School management will precisely conform to notification released by the education department, Punjab government under RTE act 2009 and RTE act 2009 rules framed for Punjab state.
4) It is expected that after being awarded the affiliation from CBSE, New Delhi, school management will treat teaching and non teaching staff like government employees and is committed to release salary through the account of payee cheques. In case of failure to do the same, NOC will be withdrawn.

Manager
Akal Academy

PRINCIPAL
AKAL ACADEMY JANDIALI
(LUDHIANA)
CBSE/AFF/1631078

5) You and your school management will ensure that if the educators of your district or any senior official of the education department claim for any kind of information, at the time, the sought information will be made and required assistance will also be provided.
6) This NOC is granted on this condition that you will ascertain the deposition of building safety certificate and fire safety certificate in office within two months.

Special Secretariat of School Education

P.N. No.3/23/2015-3C3/ Date , Chandigarh :

Director of Education Department (Sen. Sec.) Chandigarh ,Punjab as per memo number 15/14-2015-grant(4)/Dated 31.3.2015 is requested to do inspection once atleast in five years of the aforesaid school and inspection report need to be sent to government to discover that the associated school is obeying the terms and conditions as laid by government or not.

2. Akal Academy ,Jandiali, Sub division and district Ludhiana is sent original file.

Special Secretariat of School Education

Internal division:

1.Secretariat /Education officer ,Punjab.

2.Secretariat /School Board ,Punjab.

3.Secretariat/Special School Board ,Punjab.

4.Recorder Education Branch 3.

NOTARY PUBLIC
Ashwani Kumar Sharma
Ludhiana (Pb.)
Regd. No. 3168
GOVT. OF INDIA

Verified to be true photo copy.

Notary Public, Ludhiana (Pb.)

29 JUN 2015

Manager
Akal Academy

PRINCIPAL
AKAL ACADEMY JANDIALI
(LUDHIANA)
CBSE/AFF/1631078